# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ 03-04-2026**

ਕੇਂਦਰ ਨੇ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ LPG ਅਤੇ ਹੋਰ ਪੈਟਰੋਲੀਅਮ ਉਤਪਾਦਾਂ ਦੀ ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਵਰਗੀਆਂ ਗਲਤ ਗਤੀਵਿਧੀਆਂ ਨੂੰ ਰੋਕਣ ਲਈ ਜ਼ਰੂਰੀ ਕਾਰਵਾਈ ਕਰਨ ਲਈ ਕਿਹਾ ਏ । ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਦੇ ਸਕੱਤਰ, ਡਾ. ਨੀਰਜ ਮਿੱਤਲ ਨੇ ਇਸ ਸਬੰਧ ਵਿੱਚ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਇੱਕ ਪੱਤਰ ਲਿਖਿਆ ਏ। ਸੂਬਿਆਂ ਨੂੰ ਇਹ ਵੀ ਸਲਾਹ ਦਿੱਤੀ ਗਈ ਏ ਕਿ ਉਹ ਜਮ੍ਹਾਂਖੋਰੀ, ਦਿਸ਼ਾ-ਨਿਰਦੇਸ਼ਾਂ ਤੇ ਗਲਤ ਜਾਣਕਾਰੀ ਦੇ ਫੈਲਾਅ ਵਿਰੁੱਧ ਸਖ਼ਤ ਚੌਕਸੀ ਬਣਾਈ ਰੱਖਣ, ਤਾਂ ਜੋ ਬੇਲੋੜੀ ਦਹਿਸ਼ਤ ਤੋਂ ਬਚਿਆ ਜਾ ਸਕੇ। ਮੰਤਰਾਲੇ ਨੇ ਏ ਵੀ ਕਿਹਾ ਏ ਕਿ ਸਾਰੀਆਂ ਰਿਫਾਇਨਰੀਆਂ ਉੱਚ ਸਮਰੱਥਾ ਨਾਲ ਕੰਮ ਕਰ ਰਹੀਆਂ ਨੇ, ਕੱਚੇ ਤੇਲ ਦੀ ਲੋੜੀਂਦੀ ਸਟਾਕ ਮੌਜੂਦ ਏ, ਅਤੇ ਪੈਟਰੋਲ ਅਤੇ ਡੀਜ਼ਲ ਦੇ ਲੋੜੀਂਦੇ ਸਟਾਕ ਨੂੰ ਬਣਾਈ ਰੱਖਿਆ ਜਾ ਰਿਹਾ ਏ।

---

ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ 1 ਅਪ੍ਰੈਲ ਨੂੰ ਚੰਡੀਗੜ੍ਹ ਵਿੱਚ ਭਾਜਪਾ ਦਫਤਰ ਵਿੱਚ ਹੋਏ ਧਮਾਕੇ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿੱਚ ਰੋਪੜ ਦੇ ਮੋਰਿੰਡਾ ਖੇਤਰ ਵਿੱਚ ਦੋ ਸ਼ੱਕੀਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਏ । ਪੁਲਿਸ ਸੂਤਰਾਂ ਅਨੁਸਾਰ, ਛਾਪੇਮਾਰੀ ਦੌਰਾਨ ਰੋਪੜ ਪੁਲਿਸ ਨੇ ਕਾਊਂਟਰ ਇੰਟੈਲੀਜੈਂਸ ਵਿੰਗ ਨਾਲ ਤਾਲਮੇਲ ਕੀਤਾ। ਦੋਵਾਂ ਦੋਸ਼ੀਆਂ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਪੁੱਛਗਿੱਛ ਕੀਤੀ ਗਈ। ਹਾਲਾਂਕਿ, ਦੋਵਾਂ ਦੋਸ਼ੀਆਂ ਦੀ ਗ੍ਰਿਫ਼ਤਾਰੀ ਬਾਰੇ ਪੁਲਿਸ ਦਾ ਕੋਈ ਅਧਿਕਾਰਤ ਬਿਆਨ ਨਹੀਂ ਏ ।ਚੰਡੀਗੜ੍ਹ ਵਿੱਚ ਭਾਜਪਾ ਦਫਤਰ ਨੂੰ ਬੁੱਧਵਾਰ ਸ਼ਾਮ ਨੂੰ ਦੋਵਾਂ ਦੋਸ਼ੀਆਂ ਨੇ ਨਿਸ਼ਾਨਾ ਬਣਾਇਆ ਸੀ ਜਦੋਂ ਉਨ੍ਹਾਂ ਵਿੱਚੋਂ ਇੱਕ ਨੇ ਦਫਤਰ ਦੀ ਇਮਾਰਤ 'ਤੇ ਹੱਥਗੋਲਾ ਸੁੱਟਿਆ ਸੀ। ਹਾਲਾਂਕਿ, ਧਮਾਕੇ ਵਿੱਚ ਕਿਸੇ ਜਾਨੀ ਨੁਕਸਾਨ ਖ਼ਬਰ ਨਹੀਂ ਏ, ਪਰ ਕੁਝ ਵਾਹਨਾਂ ਨੂੰ ਨੁਕਸਾਨ ਪਹੁੰਚਿਆ ਸੀ । ਚੰਡੀਗੜ੍ਹ ਅਤੇ ਪੰਜਾਬ ਪੁਲਿਸ ਕੁਝ ਹੋਰ ਸੁਰੱਖਿਆ ਏਜੰਸੀਆਂ ਨਾਲ ਮਿਲ ਕੇ ਜਾਂਚ ਕਰ ਰਹੀ ਏ ।ਭਾਜਪਾ ਤੇ ਕੁਝ ਹੋਰ ਰਾਜਨੀਤਿਕ ਪਾਰਟੀਆਂ ਨੇ ਹਮਲੇ ਦੀ ਨਿੰਦਾ ਕੀਤੀ ਹੈ।

--------------------------------------------------------------------------------

ਬੱਚਿਆਂ ਦੇ ਵਿਕਾਸ ਅਤੇ ਆਟੀਜ਼ਮ ਸਮੇਤ ਨਾੜੀਤੰਤਰ ਨਾਲ ਸਬੰਧਿਤ ਬਿਮਾਰੀਆਂ ਦੀ ਦੇਖਭਾਲ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਸਭ ਲਈ ਸੌਖੀ ਤੇ ਵਿਸਥਾਰਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ ਏ। ਇਸ ਬਾਰੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਰਾਜ ਸਰਕਾਰ ਮੋਹਾਲੀ ਵਿਖੇ ਸਥਿਤ ਆਟੀਜ਼ਮ ਤੇ ਨਿਊਰੋ ਡਿਵੈਲਪਮੈਂਟਲ ਡਿਸਆਰਡਰਜ਼ ਲਈ ਸੈਂਟਰ ਆਫ ਐਕਸੀਲੈਂਸ ਨੂੰ ਪੂਰਾ ਸਮਰਥਨ ਦੇ ਰਹੀ ਏ ਤਾਂ ਜੋ ਇਹ ਭਵਿੱਖ ਵਿਚ ਹੋਰ ਮਜ਼ਬੂਤੀ ਨਾਲ ਉਭਰ ਸਕੇ। ਸਿਹਤ ਮੰਤਰੀ ਨੇ ਕਿਹਾ ਕਿ ਹਜ਼ਾਰਾਂ ਬੱਚੇ ਇਨ੍ਹਾਂ ਬਿਮਾਰੀਆਂ ਨਾਲ ਪ੍ਰਭਾਵਿਤ ਨੇ, ਪਰ ਸ਼ੁਰੂਆਤੀ ਪਛਾਣ, ਨਿਦਾਨ ਤੇ ਇਲਾਜ ਦੀਆਂ ਸਹੂਲਤਾਂ ਹਾਲੇ ਵੀ ਸੀਮਿਤ ਨੇ। ਇਹ ਸੈਂਟਰ ਸੂਬਾ ਪੱਧਰ ’ਤੇ ਇਕ ਸੁਚਾਰੂ ਸੇਵਾ ਮਾਡਲ ਤਿਆਰ ਕਰੇਗਾ, ਜਿਸ ਨਾਲ ਸਮੇਂ ਸਿਰ ਨਿਦਾਨ, ਵਿਗਿਆਨ ਅਧਾਰਿਤ ਇਲਾਜ ਤੇ ਲੰਬੇ ਸਮੇਂ ਦੀ ਸਹਾਇਤਾ ਯਕੀਨੀ ਬਣਾਈ ਜਾਵੇਗੀ।

---------------------------------------------------------------------------

ਪੰਜਾਬ ਚ ਜਨਤਕ ਆਵਾਜਾਈ ਸੇਵਾਵਾਂ ਮੁਹਈਆ ਕਰਵਾਉਣ ਵਾਲੀ ਪੀਆਰਟੀਸੀ ਵਲੋਂ ਆਪਣੀ ਆਮਦਨ ਵਧਾਉਣ ਲਈ ਲਗਾਤਾਰ

ਉਪਰਾਲੇ ਕੀਤੇ ਜਾ ਰਹੇ ਨੇ । ਇਸ ਤਹਿਤ ਪੀਆਰਟੀਸੀ ਵਲੋਂ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਦੀ ਅਗਵਾਈ ਹੇਠ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੂੰ ਆਪਣੀਆਂ ਜ਼ਮੀਨਾਂ ‘ਤੇ ਪੈਟਰੋਲ ਪੰਪ ਲਗਾਉਣ ਲਈ ਪ੍ਰਵਾਨਗੀ ਪੱਤਰ ਜਾਰੀ ਕੀਤੇ ਗਏ ਨੇ ।ਇਸ ਸਬੰਧੀ ਹਰਪਾਲ ਜੁਨੇਜਾ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਮੁੱਖ ਦਫ਼ਤਰ ਪਟਿਆਲਾ ਦੀ ਜ਼ਮੀਨ ‘ਤੇ ਆਈ.ਓ.ਸੀ.ਐਲ. ਵਲੋਂ ਰਿਟੇਲ ਪੈਟਰੋਲੀਅਮ ਆਊਟਲੈੱਟ ਸਥਾਪਿਤ ਕਰਨ ਲਈ ਆਈ.ਓ.ਸੀ.ਐਲ. ਦੇ ਉੱਚ-ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਨਾਲ ਪੀ.ਆਰ.ਟੀ.ਸੀ. ਨੂੰ ਅੰਦਾਜ਼ਨ 80 ਲੱਖ ਦੀ ਸਾਲਾਨਾ ਆਮਦਨ ਹੋਵੇਗੀ। ਇਸ ਤੋਂ ਇਲਾਵਾ ਪੀ.ਆਰ.ਟੀ.ਸੀ. ਦੇ ਹੋਰ ਅਦਾਰਿਆਂ ਵਿਚ ਵੀ ਰਿਟੇਲ ਪੈਟਰੋਲੀਅਮ ਆਊਟਲੈੱਟ ਸਥਾਪਿਤ ਕੀਤੇ ਜਾਣ ਦੀ ਤਜਵੀਜ਼ ਅਰੰਭੀ ਹੋਈ ਏ ਤੇ ਇਸ ਨੂੰ ਜਲਦ ਹੀ ਮੁਕੰਮਲ ਕੀਤਾ ਜਾਵੇਗਾ ।

---------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਚ ਪ੍ਰੀ-ਐਸ.ਆਈ.ਆਰ ਗਤੀਵਿਧੀਆਂ ਤਹਿਤ ਵੋਟਰਾਂ ਨੂੰ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਏ । ਇਸ ਬਾਰੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ

ਚੋਣ ਕਮਿਸ਼ਨ ਵਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ (ਐਸ.ਆਈ.ਆਰ.) ਮੌਜੂਦਾ ਮਹੀਨੇ ਤੋਂ ਸ਼ੁਰੂ ਹੋਣ ਦੀ ਸੰਭਾਵਨਾ ਏ। ਇਸ ਲਈ ਐਸ.ਆਈ.ਆਰ. ਦੀਆਂ ਪ੍ਰੀ-ਗਤੀਵਿਧੀਆਂ ਦਾ ਕੰਮ ਚੱਲ ਰਿਹਾ ਏ, ਜਿਸ ਵਿੱਚ ਮੌਜੂਦਾ ਵੋਟਰ ਸੂਚੀ ਦੇ ਵੋਟਰਾਂ ਦਾ ਮਿਲਾਨ/ਮੈਪਿੰਗ 2003 ਦੀ ਵੋਟਰ ਸੂਚੀ ਨਾਲ ਕੀਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਵਿਧਾਨ ਸਭਾ ਚੋਣ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ ਵਲੋਂ ਆਪਣੇ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਨੇ ਤੇ ਘਰ-ਘਰ ਜਾ ਕੇ 2003 ਦੀ ਵੋਟਰ ਸੂਚੀ ਦਾ ਮਿਲਾਨ ਕਰਨ ਲਈ ਵੈਰੀਫਿਕੇਸ਼ਨ ਕੀਤੀ ਜਾ ਰਹੀ ਏ। ਡਾ. ਅਗਰਵਾਲ ਨੇ ਵੋਟਰਾਂ ਨੂੰ ਭਾਰਤ ਚੋਣ ਕਮਿਸ਼ਨ ਦੇ ਇਸ ਅਹਿਮ ਕਾਰਜ ਵਿੱਚ ਆਪਣਾ ਸਹਿਯੋਗ ਦੇਣ ਅਤੇ ਬੀ.ਐਲ.ਓਜ਼ ਨੂੰ ਲੋੜੀਂਦੇ ਦਸਤਾਵੇਜ਼ ਮੁਹੱਈਆ ਕਰਵਾਉਣ ਦੀ ਅਪੀਲ ਕੀਤੀ ਏ।

---------------------------------------------------------------------------------

ਪੰਜਾਬ ਦੇ ਕੁਝ ਹਿੱਸਿਆਂ ਵਿੱਚ ਅੱਜ ਸਵੇਰੇ ਹਲਕੀ ਬਾਰਿਸ਼ ਹੋਈ। ਇਸ ਦੌਰਾਨ, ਮੌਸਮ ਵਿਭਾਗ ਨੇ ਅੱਜ ਅਤੇ ਕੱਲ੍ਹ ਸ਼ਨੀਵਾਰ ਲਈ ਸੰਤਰੀ ਅਲਰਟ ਜਾਰੀ ਕੀਤਾ ਏ ਜਿਸ ਦੌਰਾਨ ਰਾਜ ਦੇ ਕੁਝ ਖੇਤਰਾਂ ਵਿੱਚ ਗਰਜ, ਹਲਕੀ ਬਾਰਿਸ਼ ਅਤੇ ਗੜੇਮਾਰੀ ਵੀ ਹੋ ਸਕਦੀ ਏ। ਕੱਲ੍ਹ ਦਰਜ

ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਅਨੁਸਾਰ, ਪਟਿਆਲਾ 36.8 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ, ਇਸ ਤੋਂ ਬਾਅਦ ਰੂਪਨਗਰ, ਫਾਜ਼ਿਲਕਾ, ਲੁਧਿਆਣਾ ਤੇ ਫਰੀਦਕੋਟ ਨੇ ਜਿੱਥੇ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਤੋਂ 35.7 ਡਿਗਰੀ ਸੈਲਸੀਅਸ ਦੇ ਵਿਚਕਾਰ ਸੀ ਜਦਕਿ, ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਦੇ ਅਨੁਸਾਰ, ਬਠਿੰਡਾ 17.5 ਡਿਗਰੀ ਸੈਲਸੀਅਸ ਨਾਲ ਸਭ ਤੋਂ ਠੰਡਾ ਰਿਹਾ, ਇਸ ਤੋਂ ਬਾਅਦ ਫਰੀਦਕੋਟ 18.6 ਡਿਗਰੀ ਸੈਲਸੀਅਸ ਰਿਹਾ। ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਸਮੇਤ ਰਾਜ ਦੇ ਹੋਰ ਜ਼ਿਲ੍ਹਿਆਂ ਵਿੱਚ ਘੱਟੋ-ਘੱਟ ਤਾਪਮਾਨ 19 ਤੋਂ 20.9 ਡਿਗਰੀ ਸੈਲਸੀਅਸ ਦੇ ਵਿਚਕਾਰ ਸੀ।